ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਕਮ
ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ,
ਐਸ.ਸੀ.ਓ.ਨੰ: 104-106, ਸੈਕਟਰ-34ਏ, ਚੰਡੀਗੜ੍ਹ

ਸੇਵਾ ਵਿਖੇ

ਰਾਜ ਦੇ ਸਮੂਹ ਡਿਪਟੀ ਕਮਿਸ਼ਨਰ

ਮੀਮੋ ਨੰ: ਰਮਸਅ/ਏਐਸਪੀਡੀ(ਕ)/**R000582**
ਮਿਤੀ ਚੰਡੀਗੜ੍ਹ 17 ਜਨਵਰੀ 2011

ਵਿਸ਼ਾ : ਜ਼ਿਲ੍ਹਾ ਪ੍ਰੀਸ਼ਦ/ਸਥਾਨਕ ਸਰਕਾਰ ਵਿਭਾਗ ਅਧੀਨ ਸਕੂਲਾਂ ਵੱਲੋਂ ਅੱਠਵਾਂ ਸਰਵ ਭਾਰਤੀ ਸਕੂਲ ਸਿੱਖਿਆ ਸਰਵੇ ਸੰਬੰਧੀ ਸੂਚਨਾ ਨਾ ਦੇਣ ਬਾਰੇ।

1.0 ਉਪਰੋਕਤ ਵਿਸ਼ੇ ਤੇ ਇਸ ਦਫ਼ਤਰ ਦੇ ਮੀਮੋ ਨੰ: ਡਿਐਸਪੀਡੀ/ਆਰ/538899-94 ਮਿਤੀ 7.9.2010 ਅਤੇ ਮੀਮੋ ਨੰ: ਡਿਐਸਪੀਡੀ/ਆਰ055124 ਮਿਤੀ 10.11.2010 ਅਤੇ ਮੀਮੋ ਨੰ: ਏਐਸਪੀਡੀ/ਰਮਸਅ/2010/55783 ਮਿਤੀ 10.12.2010 ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਇਸ ਸੰਬੰਧ ਵਿੱਚ ਆਪ ਜੀ ਨੂੰ ਪਹਿਲਾਂ ਵੀ ਬੇਨਤੀ ਕੀਤੀ ਗਈ ਸੀ ਕਿ ਭਾਰਤ ਸਰਕਾਰ ਵੱਲੋਂ ਅੱਠਵਾਂ ਸਰਵ ਭਾਰਤੀ ਸਕੂਲ ਸਿੱਖਿਆ ਸਰਵੇਖਣ ਪੂਰੇ ਭਾਰਤ ਦੇਸ਼ ਵਿੱਚ ਕਰਵਾਇਆ ਜਾ ਰਿਹਾ ਹੈ।ਇਹ ਸਰਵ ਭਾਰਤ ਸਰਕਾਰ ਵੱਲੋਂ ਕਈ ਸਾਲਾਂ ਬਾਅਦ ਕਰਵਾਇਆ ਜਾਂਦਾ ਹੈ ਅਤੇ ਅਗਲਾ ਸਰਵੇ ਕਰਵਾਉਣ ਤੀਕ ਇਸੀ ਡਾਟੇ ਨੂੰ ਆਧਾਰ ਮੰਨ ਕੇ ਭਾਰਤ ਸਰਕਾਰ ਅਤੇ ਯੋਜਨਾ ਕਮਿਸ਼ਨ ਵੱਲੋਂ ਯੋਗ ਕਾਰਵਾਈ ਕੀਤੀ ਜਾਂਦੀ ਹੈ। ਜੇਕਰ ਇਹ ਡਾਟਾ ਠੀਕ ਤਰੀਕੇ ਨਾਲ ਇਕੱਠਾ ਕਰਕੇ ਭਾਰਤ ਸਰਕਾਰ ਨੂੰ ਨਹੀਂ ਭੇਜਿਆ ਜਾਂਦਾ ਹੈ ਤਾਂ ਪੰਜਾਬ ਰਾਜ ਨੂੰ ਬਹੁਤ ਵੱਡਾ ਨੁਕਸਾਨ ਹੋਣ ਦਾ ਅੰਦੇਸ਼ਾ ਹੈ। ਇਸ ਬਾਰੇ ਆਪ ਜੀ ਨੂੰ ਪਹਿਲਾਂ ਵੀ ਉਕਤ ਹਵਾਲਿਆਂ ਦੇ ਸੰਬੰਧ ਵਿੱਚ ਲੋੜੀਂਦੀ ਕਾਰਵਾਈ ਕਰਨ ਲਈ ਲਿਖਿਆ ਗਿਆ ਹੈ, ਪਰੰਤੂ ਆਪ ਜੀ ਦੇ ਪ੍ਰਬੰਧ ਅਧੀਨ ਆਉਣ ਵਾਲੇ ਸਕੂਲਾਂ ਦੇ ਅਧਿਆਪਕਾਂ ਵੱਲੋਂ ਇਹ ਡਾਟਾ

ਨਹੀਂ ਦਿੱਤਾ ਜਾ ਰਿਹਾ ਹੈ ਅਤੇ ਨਾ ਹੀ ਪੰਚਾਇਤੀ ਰਾਜ ਦੇ ਬਲਾਕ ਪੱਧਰ ਦੇ ਅਧਿਕਾਰੀਆਂ ਵੱਲੋਂ ਕੋਈ ਸਹਿਯੋਗ ਦਿੱਤਾ ਜਾ ਰਿਹਾ ਹੈ।

3.0 ਆਪ ਜੀ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਜੀ ਦੇ ਜ਼ਿਲ੍ਹੇ ਅਧੀਨ ਆਉਣ ਵਾਲੇ ਸਾਰੇ ਸਕੂਲਾਂ ਦਾ ਲੋੜੀਂਦਾ ਡਾਟਾ ਇਕੱਠਾ ਕਰਵਾ ਕੇ ਆਪਣੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਨੂੰ ਦਿੱਤਾ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**

**ਪਿੱਠ ਅੰਕਣ ਨੰ: ਏਐਸਪੀਡੀ/ਰਮਸਅ/**2010/**R000583-588** **ਮਿਤੀ** 17.01.2011

ਇਸ ਦਾ ਇੱਕ ਉਤਾਰਾ ਹੇਠਾਂ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

(1) ਵਿੱਤ ਕਮਿਸ਼ਨਰ, ਪੇਂਡੂ ਵਿਕਾਸ ਅਤੇ ਪੰਚਾਇਤੀ ਵਿਭਾਗ, ਪੰਜਾਬ, ਚੰਡੀਗੜ੍ਹ।

(2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ।

(3) ਡਾਇਰੈਕਟਰ ਪੇਂਡੂ ਵਿਕਾਸ ਅਤੇ ਪੰਚਾਇਤੀ ਵਿਭਾਗ, ਪੰਜਾਬ, ਮੋਹਾਲੀ।

(4) ਰਾਜ ਦੇ ਸਮੂਹ ਵਧੀਕ ਡਿਪਟੀ ਕਮਿਸ਼ਨਰ (ਵਿ)

(5) ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ)

(6) ਰਾਜ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ (ਵੈਬਸਾਈਟ ਰਾਹੀਂ)

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**

**ਪਿੱਠ ਅੰਕਣ ਨੰ: R000589** **ਮਿਤੀ** 17.01.2011

ਇਸ ਦਾ ਇੱਕ ਉਤਾਰਾ ਸਕੱਤਰ ਟੂ ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**